ਰਾਮਕਲੀ ਮਹਲਾ ੪ ॥ ਜੇ ਵਡ ਭਾਗ ਹੋਵਹਿ ਵਡ ਮੇਰੇ ਜਨ ਮਿਲਦਿਆ ਢਿਲ ਨ ਲਾਈਐ ॥ ਹਰਿ ਜਨ ਅੰਮ੍ਰਿਤ ਕੁੰਟ ਸਰ ਨੀਕੇ ਵਡਭਾਗੀ ਤਿਤੁ ਨਾਵਾਈਐ ॥੧॥ ਰਾਮ ਮੋ ਕਉ ਹਰਿ ਜਨ ਕਾਰੈ ਲਾਈਐ ॥ ਹਉ ਪਾਣੀ ਪਖਾ ਪੀਸਉ ਸੰਤ ਆਗੈ ਪਗ ਮਲਿ ਮਲਿ ਧੂਰਿ ਮੁਖਿ ਲਾਈਐ ॥੧॥ ਰਹਾਉ ॥ ਹਰਿ ਜਨ ਵਡੇ ਵਡੇ ਵਡ ਊਚੇ ਜੋ ਸਤਗੁਰ ਮੇਲਿ ਮਿਲਾਈਐ ॥ ਸਤਗੁਰ ਜੇਵਡੁ ਅਵਰੁ ਨ ਕੋਈ ਮਿਲਿ ਸਤਗੁਰ ਪੁਰਖ ਧਿਆਈਐ ॥੨॥ ਸਤਗੁਰ ਸਰਣਿ ਪਰੇ ਤਿਨ ਪਾਇਆ ਮੇਰੇ ਠਾਕੁਰ ਲਾਜ ਰਖਾਈਐ ॥ ਇਕਿ ਅਪਣੈ ਸੁਆਇ ਆਇ ਬਹਹਿ ਗੁਰ ਆਗੈ ਜਿਉ ਬਗੁਲ ਸਮਾਧਿ ਲਗਾਈਐ ॥੩॥ ਬਗੁਲਾ ਕਾਗ ਨੀਚ ਕੀ ਸੰਗਤਿ ਜਾਇ ਕਰੰਗ ਬਿਖੁ ਮੁਖਿ ਲਾਈਐ ॥ ਨਾਨਕ ਮੇਲਿ ਮੇਲਿ ਪ੍ਰਭ ਸੰਗਤਿ ਮਿਲਿ ਸੰਗਤਿ ਹੰਸੁ ਕਰਾਈਐ ॥੪॥੪॥

{ਪੰਨਾ 881}

ਪਦਅਰਥ:- ਹੋਵਹਿ—ਹੋ ਜਾਣ {ਬਹੁ-ਵਚਨ}। ਜਨ ਮਿਲਦਿਆ—ਸੰਤ ਜਨਾਂ ਨੂੰ ਮਿਲਣ ਵਿਚ। ਕੁੰਟ—ਚਸ਼ਮੇ। ਸਰ—ਤਾਲਾਬ। ਨੀਕੇ—ਸੋਹਣੇ। ਤਿਤੁ—ਉਸ (ਚਸ਼ਮੇ) ਵਿਚ, ਉਸ (ਸਰੋਵਰ) ਵਿਚ।1।

ਰਾਮ—ਹੇ ਰਾਮ! ਮੋ ਕਉ—ਮੈਨੂੰ। ਕਾਰੈ—ਕਾਰ ਵਿਚ, ਸੇਵਾ ਵਿਚ। ਹਉ—ਮੈਂ। ਪੀਸਉ—ਪੀਸਉਂ, ਚੱਕੀ ਪੀਹਾਂ। ਪਗ—ਪੈਰ {ਬਹੁ-ਵਚਨ}। ਮਲਿ—ਮਲ ਕੇ। ਧੂਰਿ—ਚਰਨਾਂ ਦੀ ਧੂੜ। ਮੁਖਿ—ਮੂੰਹ ਉਤੇ, ਮੱਥੇ ਉਤੇ।1। ਰਹਾਉ।

ਸਤਿਗੁਰ ਮੇਲਿ—ਗੁਰੂ ਦੀ ਸੰਗਤਿ ਵਿਚ। ਊਚੇ—ਉੱਚੇ ਜੀਵਨ ਵਾਲੇ। ਮਿਲਿ ਸਤਿਗੁਰ—ਗੁਰੂ ਨੂੰ ਮਿਲ ਕੇ। ਧਿਆਈਐ—ਧਿਆਇਆ ਜਾ ਸਕਦਾ ਹੈ।2।

ਪਰੇ—ਪਏ। ਤਿਨ ਪਾਇਆ—ਉਹਨਾਂ ਨੇ (ਪ੍ਰਭੂ ਦਾ ਮਿਲਾਪ) ਪਾ ਲਿਆ। ਲਾਜ—ਇੱਜ਼ਤ। ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਅਨੇਕਾਂ। ਸੁਆਇ—ਸੁਆਰਥ ਦੀ ਖ਼ਾਤਰ। ਆਇ—ਆ ਕੇ। ਬਹਹਿ—ਬਹਿ ਜਾਂਦੇ ਹਨ।3।

ਕਾਗ—ਕਾਂ। ਜਾਇ—ਜਾ ਕੇ। ਕਰੰਗ—ਮੁਰਦਾਰ। ਬਿਖੁ—ਵਿਸ਼ਟਾ (ਜ਼ਹਿਰ)। ਮੁਖਿ—ਮੂੰਹ ਵਿਚ। ਮੇਲਿ—ਮਿਲਾ ਲੈ।4।

ਅਰਥ:- ਹੇ (ਮੇਰੇ) ਰਾਮ! ਮੈਨੂੰ (ਆਪਣੇ) ਸੰਤ ਜਨਾਂ ਦੀ ਸੇਵਾ ਵਿਚ ਲਾਈ ਰੱਖ। ਮੈਂ ਸੰਤ ਜਨਾਂ ਦੇ ਦਰ ਤੇ ਪਾਣੀ ਢੋਵਾਂ, ਪੱਖਾਂ ਝੱਲਾਂ, (ਆਟਾ) ਪੀਹਾਂ। ਮੈਂ ਸੰਤ ਜਨਾਂ ਦੇ ਪੈਰ ਮਲ ਮਲ ਕੇ ਧੋਵਾਂ, ਉਹਨਾਂ ਦੇ ਚਰਨਾਂ ਦੀ ਧੂੜ ਆਪਣੇ ਮੱਥੇ ਤੇ ਲਾਂਦਾ ਰਹਾਂ।1। ਰਹਾਉ।

ਹੇ ਭਾਈ! ਸੰਤ ਜਨਾਂ ਨੂੰ ਮਿਲਣ ਵਿਚ ਰਤਾ ਭੀ ਢਿੱਲ ਨਹੀਂ ਕਰਨੀ ਚਾਹੀਦੀ। ਜੇ ਮੇਰੇ ਵੱਡੇ ਭਾਗ ਜਾਗ ਪੈਣ (ਤਾਂ ਹੀ ਸੰਤ ਜਨਾਂ ਨੂੰ ਮਿਲਣ ਦਾ ਅਵਸਰ ਮਿਲਦਾ ਹੈ)। ਹੇ ਭਾਈ! ਪ੍ਰਭੂ ਦੇ ਸੇਵਕ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਸੋਹਣੇ ਚਸ਼ਮੇ ਹਨ, ਸੋਹਣੇ ਸਰੋਵਰ ਹਨ। ਉਸ ਚਸ਼ਮੇ ਵਿਚ ਉਸ ਸਰੋਵਰ ਵਿਚ ਵੱਡੀ ਕਿਸਮਤ ਨਾਲ ਹੀ ਇਸ਼ਨਾਨ ਕਰ ਸਕੀਦਾ ਹੈ।1।

ਹੇ ਭਾਈ! ਪ੍ਰਭੂ ਦੇ ਸੇਵਕ ਬੜੇ ਉੱਚੇ ਜੀਵਨ ਵਾਲੇ ਹੁੰਦੇ ਹਨ, ਉਹਨਾਂ ਦਾ ਮਿਲਾਪ ਸਤਿਗੁਰੂ ਦੀ ਸੰਗਤਿ ਵਿਚ ਬਣਿਆ ਰਹਿੰਦਾ ਹੈ। ਗੁਰੂ ਜੇਡਾ ਵੱਡਾ ਹੋਰ ਕੋਈ ਨਹੀਂ ਹੈ। ਗੁਰੂ ਨੂੰ ਮਿਲ ਕੇ ਹੀ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕਦਾ ਹੈ।2।

ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਗਏ, ਉਹਨਾਂ ਨੇ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ, ਮੇਰੇ ਮਾਲਕ-ਪ੍ਰਭੂ ਨੇ ਉਹਨਾਂ ਦੀ (ਲੋਕ ਪਰਲੋਕ ਵਿਚ) ਇੱਜ਼ਤ ਰੱਖ ਲਈ। ਪਰ ਅਨੇਕਾਂ ਬੰਦੇ ਐਸੇ ਭੀ ਹਨ ਜੋ ਆਪਣੀ ਕਿਸੇ ਗ਼ਰਜ਼ ਦੀ ਖ਼ਾਤਰ ਗੁਰੂ ਦੇ ਦਰ ਤੇ ਆ ਬੈਠਦੇ ਹਨ ਅਤੇ ਬਗੁਲੇ ਵਾਂਗ ਸਮਾਧੀ ਲਾ ਲੈਂਦੇ ਹਨ।3।

ਹੇ ਭਾਈ! ਬਗੁਲਾ ਅਤੇ ਕਾਂ ਨੀਚ ਦੀ ਸੰਗਤਿ ਹੀ ਪਸੰਦ ਕਰਦੇ ਹਨ (ਜੇ ਉਹ ਕਿਸੇ ਸੁਆਰਥ ਵਾਸਤੇ ਗੁਰੂ ਦੇ ਦਰ ਤੇ ਆਉਂਦੇ ਭੀ ਹਨ, ਤਾਂ ਇਥੋਂ) ਉੱਠ ਕੇ ਕੋਈ ਮੁਰਦਾਰ ਜਾਂ ਗੰਦ ਹੀ ਮੂੰਹ ਵਿਚ ਪਾਂਦੇ ਹਨ। ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ, ਤੇ, ਆਖ—) ਹੇ ਪ੍ਰਭੂ! ਮੈਨੂੰ ਗੁਰੂ ਦੀ ਸੰਗਤਿ ਵਿਚ ਮਿਲਾਈ ਰੱਖ। ਗੁਰੂ ਦੀ ਸੰਗਤਿ ਵਿਚ ਮਿਲ ਕੇ (ਕਾਂ ਤੋਂ) ਹੰਸ ਬਣ ਜਾਈਦਾ ਹੈ।4। 4।